# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 18-07-2024**

- ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਅੱਜ ਨਵੀਂ ਦਿੱਲੀ ਵਿੱਚ ਨਾਰਕੋ-ਕੋਆਰਡੀਨੇਸ਼ਨ ਸੈਂਟਰ ਦੀ, 7ਵੀਂ ਸਿਖਰ-ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕੀਤੀ।
- ਸੀਨੀਅਰ BJP ਆਗੂ ਤੀਕਸ਼ਣ ਸੂਦ ਨੇ ਕਿਹਾ ਏ, ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦਾ ਪੰਜਾਬ ਦੇ ਮੁੱਦਿਆਂ 'ਤੇ ਕੋਈ ਸਟੈਂਡ ਨਹੀਂ ਏ।
- ਬਰਨਾਲਾ ਜ਼ਿਲੇ ਦੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਅਨੁਸਾਰ, ਜ਼ਿਲ੍ਹੇ ਭਰ 'ਚ ਲਗਾਏ ਜਾਣ ਵਾਲੇ ਬੂਟਿਆਂ ਦੀ ਸਾਂਭ ਸੰਭਾਲ ਲਈ ਇਨਾਂ ਦੀ ਜੀਓ ਟੈਗਿੰਗ ਕੀਤੀ ਜਾਵੇਗੀ।
- ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਮਾਨਸੂਨ ਦੇ ਬੇਹੱਦ ਹੀ ਸੁਸਤ ਬਣਨ ਨਾਲ, ਲੋਕ ਜਬਰਦਸਤ ਹੁੰਮਸ ਭਰੀ ਗਰਮੀ ਤੋਂ ਪਰੇਸ਼ਾਨ।

---

ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਅੱਜ ਨਵੀਂ ਦਿੱਲੀ ਵਿੱਚ, ਨਾਰਕੋ-ਕੋਆਰਡੀਨੇਸ਼ਨ ਸੈਂਟਰ NCRD ਦੀ 7ਵੀਂ ਸਿਖਰ-ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕੀਤੀ । ਇਸ ਮੀਟਿੰਗ ਦਾ ਉਦੇਸ਼, ਭਾਰਤ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਦਾ ਮੁਕਾਬਲਾ ਕਰਨ ਵਿੱਚ ਸ਼ਾਮਲ, ਵੱਖ-ਵੱਖ ਕੇਂਦਰ ਅਤੇ ਰਾਜ ਸਰਕਾਰ ਦੀਆਂ ਏਜੰਸੀਆਂ ਦੇ ਉਪਰਾਲਿਆਂ ਵਿੱਚ ਤਾਲਮੇਲ ਕਰਨਾ ਏ । ਗ੍ਰਿਹ ਮੰਤਰਾਲੇ ਨੇ ਕਿਹਾ ਕਿ ਸਰਕਾਰ ਨੇ ਨਸ਼ਿਆਂ ਦੇ ਖਤਰੇ ਦਾ ਮੁਕਾਬਲਾ ਕਰਨ ਲਈ, ਨਸ਼ਾ ਤਸਕਰੀ ਵਿਰੁੱਧ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਅਪਣਾਈ ਏ । ਮੰਤਰਾਲੇ ਅਨੁਸਾਰ ਸਰਕਾਰ ਦਾ ਟੀਚਾ 2047 ਤੱਕ ਤਿੰਨ-ਨੁਕਾਤੀ ਰਣਨੀਤੀ ਰਾਹੀਂ, ਨਸ਼ਾ ਮੁਕਤ ਭਾਰਤ ਨੂੰ ਪ੍ਰਾਪਤ ਕਰਨਾ ਏ। ਇਸ ਦੀ ਰਣਨੀਤੀ ਵਿਚ ਸੰਸਥਾਗਤ ਢਾਂਚੇ ਨੂੰ ਮਜ਼ਬੂਤ ਕਰਨਾ, ਸਾਰੀਆਂ ਨਸ਼ੀਲੇ ਪਦਾਰਥ ਏਜੰਸੀਆਂ ਵਿਚ ਤਾਲਮੇਲ ਵਧਾਉਣਾ ਅਤੇ ਵਿਆਪਕ ਜਨਤਕ ਜਾਗਰੂਕਤਾ ਮੁਹਿੰਮਾਂ ਸ਼ੁਰੂ ਕਰਨਾ ਸ਼ਾਮਲ ਨੇ।

---

ਕੇਂਦਰੀ ਜਾਂਚ ਬਿਊਰੋ CBI ਨੇ NEET- UG ਪ੍ਰਵੇਸ਼ ਪ੍ਰੀਖਿਆ ਪੇਪਰ ਲੀਕ ਮਾਮਲੇ ਵਿੱਚ, ਅੱਜ AIIMS, ਪਟਨਾ ਦੇ ਚਾਰ ਵਿਦਿਆਰਥੀਆਂ ਨੂੰ ਹਿਰਾਸਤ ਵਿੱਚ ਲਿਆ ਏ । ਏਮਜ਼ ਦੇ ਕਾਰਜਕਾਰੀ ਨਿਰਦੇਸ਼ਕ ਡਾ.ਜੀ.ਕੇ.ਪਾਲ ਨੇ ਦੱਸਿਆ, ਕਿ ਜਿਨ੍ਹਾਂ ਵਿਦਿਆਰਥੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ ਏ, ਉਹ MBBS ਕੋਰਸ ਦੇ ਦੂਜੇ ਅਤੇ ਤੀਜੇ ਸਾਲ ਦੇ ਨੇ। ਉਨ੍ਹਾਂ ਕਿਹਾ ਕਿ ਏਜੰਸੀ ਦੇ ਅਧਿਕਾਰੀਆਂ ਨੇ ਇਨ੍ਹਾਂ ਵਿਦਿਆਰਥੀਆਂ ਦੀ ਹਿਰਾਸਤ ਬਾਰੇ ਪਹਿਲਾਂ ਜਾਣਕਾਰੀ ਦਿੱਤੀ ਸੀ ਅਤੇ ਸੰਸਥਾ ਨੇ ਜਾਂਚ ਏਜੰਸੀ ਨੂੰ ਸਹਿਯੋਗ ਦਿੱਤਾ । ਏਜੰਸੀ ਨੇ ਹਿਰਾਸਤ ਵਿਚ ਲਏ ਵਿਦਿਆਰਥੀਆਂ ਦੇ ਲੈਪਟਾਪ ਵੀ ਜ਼ਬਤ ਕਰ ਲਏ ਨੇ ਅਤੇ ਉਨ੍ਹਾਂ ਦੇ ਕਮਰੇ ਸੀਲ ਕਰ ਦਿੱਤੇ ਗਏ ਨੇ। CBI ਇਨ੍ਹਾਂ ਵਿਦਿਆਰਥੀਆਂ ਤੋਂ ਅਗੇ ਪੁੱਛ-ਗਿੱਛ ਕਰ ਰਹੀ ਏ।

---

ਇਸ ਦੌਰਾਨ NEET UG ਪੇਪਰ ਲੀਕ ਮਾਮਲੇ ਦੀ ਕੇਂਦਰੀ ਜਾਂਚ ਬਿਊਰੋ ਵਲੋਂ ਜਾਂਚ ਅਤੇ ਸਰਵਉੱਚ ਅਦਾਲਤ ਵਲੋਂ ਸੁਣਵਾਈ ਕੀਤੇ

ਜਾਣ 'ਤੇ ਲੋਕਾਂ ਨੂੰ ਕਾਫੀ ਤੱਸਲੀ ਏ। ਮੋਗਾ ਜ਼ਿਲੇ ਦੇ ਅਮਨ ਸਿੱਧੂ ਦਾ ਕਹਿਣਾ ਏ, ਕਿ ਇਸ ਮਾਮਲੇ ਦੇ ਦੋਸ਼ੀਆਂ ਖ਼ਿਲਾਫ ਸਖਤ ਤੋਂ ਸਖਤ ਕਾਰਵਾਈ ਹੋਣੀ ਚਾਹੀਦੀ ਏ।

---------------------------------------------------------

ਸਾਬਕਾ ਕੈਬਨਿਟ ਅਤੇ ਸੀਨੀਅਰ BJP ਆਗੂ ਤੀਕਸ਼ਣ ਸੂਦ ਨੇ ਕਿਹਾ ਏ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦਾ, ਪੰਜਾਬ ਦੇ ਮੁੱਦਿਆਂ 'ਤੇ ਕੋਈ ਸਟੈਂਡ ਨਹੀਂ ਏ ਅਤੇ ਉਹ ਸਿਰਫ ਵੋਟ ਦੀ ਸਿਆਸਤ ਕਰਦੇ ਨੇ। ਮੁੱਖ ਮੰਤਰੀ ਵਲੋਂ ਆਮ ਆਦਮੀ ਪਾਰਟੀ ਦੇ ਚੋਟੀ ਦੇ ਆਗੂਆਂ ਨਾਲ ਅੱਜ ਚੰਡੀਗੜ੍ਹ ਵਿਚ ਕੀਤੀ ਇਕ ਪ੍ਰੈਸ ਕਾਨਫਰੰਸ 'ਤੇ, ਹੁਸ਼ਿਆਰਪੁਰ ਵਿਚ ਪ੍ਰਤੀਕਰਮ ਦਿੰਦਿਆਂ, ਉਨ੍ਹਾਂ ਕਿਹਾ ਕਿ ਜਦੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨਹੀਂ ਸੀ ਤਾਂ ਉਹ ਦਿੱਲੀ ਦੇ ਪ੍ਰਦੂਸ਼ਣ ਲਈ ਪੰਜਾਬ ਨੂੰ ਜ਼ਿੰਮੇਵਾਰ ਠਹਿਰਾਉਂਦੇ ਸਨ, ਫਿਰ ਜਦੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਤਾਂ ਉਨ੍ਹਾਂ ਨੇ ਹਰਿਆਣਾ ਨੂੰ ਦੋਸ਼ੀ ਠਹਿਰਾਉਣਾ ਸ਼ੁਰੂ ਕਰ ਦਿੱਤਾ, ਜਦਕਿ ਕੌਮੀ ਗ੍ਰੀਨ ਟ੍ਰਿਬਿਊਨਲ ਨੇ ਦਿੱਲੀ ਦੇ ਪ੍ਰਦੂਸ਼ਣ ਲਈ ਖੁਦ ਦਿੱਲੀ ਨੂੰ

ਜ਼ਿੰਮੇਵਾਰ ਠਹਿਰਾਇਆ ਏ । ਤੀਕਸ਼ਣ ਸੂਦ ਨੇ ਕਿਹਾ ਕਿ ਸਤਲੁਜ ਯਮੁਨਾ ਲਿੰਕ ਨਹਿਰ ਮੁੱਦੇ ਦਾ ਵੀ ਇਹੀ ਹਾਲ ਏ । ਆਮ ਆਦਮੀ ਪਾਰਟੀ ਅਤੇ ਭਗਵੰਤ ਸਿੰਘ ਮਾਨ ਹਮੇਸ਼ਾ ਹੀ, SYL ਤੇ YSL ਦੀ ਗੱਲ ਕਰਦੇ ਰਹੇ ਨੇ ਅਤੇ ਹਰਿਆਣਾ ਨੂੰ ਪਾਣੀ ਦੇਣ ਦੇ ਮੁੱਦੇ ਤੋਂ ਇਨਕਾਰ ਕਰਕੇ ਸਿਆਸਤ ਕਰਦੇ ਰਹੇ ਨੇ । ਉਨਾਂ ਕਿਹਾ ਕਿ ਹਰਿਆਣਾ ਦੀਆਂ ਚੋਣਾਂ ਜਿੱਤਣ ਲਈ, ਪੰਜਾਬ ਦੇ ਹੱਕਾਂ ਨੂੰ ਦਾਅ 'ਤੇ ਲਗਾਉਣ ਵਾਲੇ ਮੁੱਖ ਮੰਤਰੀ ਨੂੰ ਪੰਜਾਬ ਦੇ ਲੋਕ ਕਦੇ ਮੁਆਫ ਨਹੀਂ ਕਰਨਗੇ ਅਤੇ ਆਮ ਆਦਮੀ ਪਾਰਟੀ ਦਾ ਦੋਗਲਾ ਚਿਹਰਾ ਵੀ ਸਾਹਮਣੇ ਆ ਗਿਆ ਏ, ਤੇ ਇਹ ਵੀ ਸਾਬਤ ਹੋ ਗਿਆ ਏ, ਕਿ ਇਹ ਪਾਰਟੀ ਕੁਰਸੀ ਲਈ ਕਿਸ ਹੱਦ ਤੱਕ ਝੁਕ ਸਕਦੀ ਏ ।

--------------------------------------------------------------------

ਪੰਜਾਬ ਦੇ DGP ਗੌਰਵ ਯਾਦਵ ਨੇ ਕਿਹਾ ਏ, ਕਿ ਇਕ ਖੁਫ਼ੀਆ-ਅਧਾਰਤ ਅਭਿਆਨ ਵਿਚ, ਪੰਜਾਬ ਪੁਲਿਸ ਨੇ ਬੱਬਰ ਖ਼ਾਲਸਾ ਇੰਟਰਨੈਸ਼ਨਲ ਬੀ.ਕੇ.ਆਈ. ਦੀ ਹਮਾਇਤ ਵਾਲੇ, ਅੱਤਵਾਦੀ ਮਾਡਿਊਲ ਦੇ ਇਕ ਮੈਂਬਰ ਦੀ ਗ੍ਰਿਫ਼ਤਾਰੀ ਨਾਲ ਸੰਭਾਵਿਤ ਟਾਰਗੇਟ ਕਿਲਿੰਗ ਨੂੰ

ਰੋਕਿਆ ਏ । ਇਕ ਟਵੀਟ ਵਿਚ ਉਨਾਂ ਦੱਸਿਆ ਕਿ ਸੂਬਾ ਸਪੈਸ਼ਲ ਆਪ੍ਰੇਸ਼ਨ ਸੈੱਲ, ਅੰਮ੍ਰਿਤਸਰ ਨੇ ਅਮਰੀਕਾ ਸਥਿਤ ਅੱਤਵਾਦੀ ਹਰਪ੍ਰੀਤ ਸਿੰਘ ਉਰਫ਼ ਹੈਪੀ ਪਾਸੀਆ ਅਤੇ ਇਟਲੀ ਸਥਿਤ ਰੇਸ਼ਮ ਸਿੰਘ ਦੇ ਇਕ ਕਾਰਕੁਨ ਨੂੰ ਅੰਮ੍ਰਿਤਸਰ ਤੋਂ ਗ੍ਰਿਫ਼ਤਾਰ ਕੀਤਾ ਏ । ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ, ਕਿ ਦੋਸ਼ੀ ਆਪਣੇ ਵਿਦੇਸ਼ੀ ਸੰਚਾਲਕਾਂ ਦੇ ਹੁਕਮਾਂ ’ਤੇ ਗੈਰ ਕਾਨੂੰਨੀ ਗਤੀਵਿਧੀਆਂ ਨੂੰ ਅੰਜ਼ਾਮ ਦੇ ਰਿਹਾ ਸੀ । ਉਸ ਕੋਲੋਂ ਇਕ ਪਿਸਤੌਲ, 2 ਮੈਗਜੀਨ, 9 ਜ਼ਿੰਦਾ ਕਾਰਤੂਸ ਅਤੇ ਇਕ ਖਾਲੀ ਗੋਲੀ ਦਾ ਖੋਲ ਬਰਾਮਦ ਕੀਤਾ ਗਿਆ ਏ । ਇਸ ਦੌਰਾਨ ਪੰਜਾਬ ਪੁਲਿਸ ਨੇ ਚਾਰ ਦਿਨਾਂ ਵਿਚ ਹਥਿਆਰਾਂ ਦੀ 5ਵੀਂ ਖੇਪ ਬਰਾਮਦ ਕਰਨ ਵਿੱਚ ਕਾਮਯਾਬੀ ਹਾਸਲ ਕੀਤੀ ਏ । ਪੰਜਾਬ ਪੁਲਸ ਅਤੇ ਸੀਮਾ ਸੁਰੱਖਿਆ ਬਲ ਨੇ ਤਰਨਤਾਰਨ ਜ਼ਿਲੇ ਦੇ ਸਰਹੱਦੀ ਪਿੰਡ ਕਲਸੀਆਂ ਖ਼ੁਰਦ ਵਿਚ ਚਲਾਏ ਗਏ ਇਕ ਸਾਂਝੇ ਆਪ੍ਰੇਸ਼ਨ ਦੌਰਾਨ, 4 ਪਿਸਤੌਲ ਅਤੇ 50 ਜਿੰਦਾ ਕਾਰਤੂਸ ਬਰਾਮਦ ਕੀਤੇ ਨੇ । ਇਸ ਬਾਰੇ ਥਾਣਾ ਖਾਲੜਾ ਵਿਖੇ, ਐਫ.ਆਈ.ਆਰ. ਦਰਜ ਕੀਤੀ ਗਈ ਏ ।

---

ਕੇਂਦਰ ਸਰਕਾਰ ਵਲੋਂ ਲੰਬੀ ਚਰਚਾ ਮਗਰੋਂ ਤਿਆਰ ਕੀਤੇ ਗਏ ਤਿੰਨ ਨਵੇਂ ਅਪਰਾਧਿਕ ਕਾਨੂੰਨ - ਭਾਰਤੀ ਨਿਆ ਸੰਹਿਤਾ, ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਅਤੇ ਭਾਰਤੀ ਸਾਕਸ਼ਯ ਅਧਿਨਿਯਮ- 2023 ਲਾਗੂ ਹੋ ਗਏ ਨੇ। ਗੁਰਦਾਸਪੁਰ ਦੇ ਵਕੀਲ ਰਾਕੇਸ਼ ਕੁਮਾਰ ਨਾਡਾਲਾ ਨੇ, ਨਵੇਂ ਬਣੇ ਕਾਨੂੰਨਾਂ ਵਿਚ ਕੀਤੀਆਂ ਵੱਖ ਵੱਖ ਤਬਦੀਲੀਆਂ ਬਾਰੇ ਜਾਣਕਾਰੀ ਦੀਦਿਆਂ ਦਸਿਆ।

---

ਬਰਨਾਲਾ ਜ਼ਿਲੇ ਦੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਕਿਹਾ ਏ ਕਿ ਜ਼ਿਲ੍ਹੇ ਭਰ ‘ਚ ਲਗਾਏ ਜਾਣ ਵਾਲੇ ਬੂਟਿਆਂ ਦੀ ਜੀਓ ਟੈਗਿੰਗ ਕੀਤੀ ਜਾਵੇਗੀ, ਤਾਂ ਜੋ ਬੂਟੇ ਦੀ ਸੰਭਾਲ ਵੀ ਕੀਤੀ ਜਾ ਸਕੇ । ਇਸ ਤਹਿਤ ਜ਼ਿਲ੍ਹੇ ਅੰਦਰ ਵੱਖ ਵੱਖ ਸਰਕਾਰੀ ਦਫਤਰਾਂ ਦੀਆਂ ਇਮਾਰਤਾਂ, ਪੰਚਾਇਤੀ ਜ਼ਮੀਨਾਂ ਅਤੇ ਹੋਰ ਖਾਲੀ ਥਾਵਾਂ 'ਤੇ ਬੂਟੇ ਲਗਾਏ ਜਾਣਗੇ। ਉਨ੍ਹਾਂ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਬੂਟੇ ਲਗਾਉਣ ਦੀ ਇਸ ਮੁਹਿੰਮ ਵਿੱਚ ਵੱਧ ਚੜ੍ਹ ਕੇ ਯੋਗਦਾਨ ਦਿੱਤਾ ਜਾਵੇ, ਤਾਂ ਜੋ ਸ਼ਹੀਦਾਂ

ਦੀ ਇਸ ਪਵਿੱਤਰ ਧਰਤੀ ਨੂੰ ਹਰਿਆ ਭਰਿਆ ਬਣਾਇਆ ਜਾ ਸਕੇ। ਇਸਦੇ ਨਾਲ ਹੀ ਉਨ੍ਹਾਂ ਕਿਹਾ ਕਿ ਹੁਣ ਨਵੇਂ ਬੂਟੇ ਲਗਾਉਣ ਲਈ ਢੁੱਕਵਾਂ ਮੌਸਮ ਏ ਅਤੇ ਬਾਰਿਸ਼ਾਂ 'ਚ ਇਹ ਬੂਟੇ ਆਸਾਨੀ ਨਾਲ ਵੱਧ ਜਾਣਗੇ। ਪੂਨਮਦੀਪ ਕੌਰ ਨੇ ਦੱਸਿਆ ਕਿ ਜੰਗਲਾਤ ਵਿਭਾਗ ਸਾਰੇ ਵਿਭਾਗਾਂ ਨੂੰ ਜ਼ਰੂਰਤ ਮੁਤਾਬਿਕ ਬੂਟੇ ਵੰਡੇ ਰਿਹਾ ਏ ਅਤੇ ਜੇ ਕਰ ਕੋਈ ਵਿਭਾਗ ਬੂਟਿਆਂ ਸਬੰਧੀ ਆਪਣੀ ਸੂਚੀ ਜਮ੍ਹਾਂ ਕਰਵਾਉਣ ਤੋਂ ਵਾਂਝਾ ਰਹਿ ਗਿਆ ਏ ਤਾਂ ਉਹ ਆਪਣੀ ਸੂਚੀ ਛੇਤੀ ਦੇ ਕੇ ਜੰਗਲਾਤ ਵਿਭਾਗ ਤੋਂ ਬੂਟੇ ਪ੍ਰਾਪਤ ਕਰ ਸਕਦਾ ਏ।

---------------------------------------------------------------

ਇਸ ਦੌਰਾਨ ਗੁਰੂ ਕਾਸ਼ੀ ਯੂਨੀਵਰਸਿਟੀ, ਜ਼ਿਲ੍ਹਾ ਪ੍ਰਸ਼ਾਸਨ ਬਠਿੰਡਾ, ਡਾਇਰੈਕਟੋਰੇਟ ਆਫ਼ ਸਪੋਰਟਸ ਵੱਲੋਂ, ਯੁਵਕ ਸੇਵਾਵਾਂ ਵਿਭਾਗ ਤੇ ਰਾਸ਼ਟਰੀ ਸੇਵਾ ਯੋਜਨਾ ਦੇ ਸਹਿਯੋਗ ਨਾਲ "ਇਕ ਪੇਡ ਮਾਂ ਕੇ ਨਾਮ" ਮੁਹਿੰਮ ਤਹਿਤ "ਰੁੱਖ ਲਗਾਓ-ਵਾਤਾਵਰਣ ਬਚਾਓ" ਦਾ ਸੁਨੇਹਾ ਦਿੰਦੀ, ਪਹਿਲੀ ਮੈਰਾਥਨ ਬਠਿੰਡਾ ਵਿਖੇ 'ਵਰਸਿਟੀ ਗੇਟ ਤੋਂ ਗੁਰੂ ਰਵੀਦਾਸ ਚੌਂਕ ਤੱਕ ਅਤੇ ਵਾਪਸੀ ਵਰਸਿਟੀ ਗੇਟ ਤਕ ਕਰਵਾਈ ਗਈ।

ਉਪ-ਕੁਲਪਤੀ ਪ੍ਰੋ. (ਡਾ.) ਐਸ.ਕੇ.ਬਾਵਾ ਤੇ ਤਲਵੰਡੀ ਸਾਬੋ ਦੇ ਐਸ.ਡੀ.ਐੱਮ ਹਰਜਿੰਦਰ ਸਿੰਘ ਜੱਸਲ ਨੇ ਇਸ ਮੈਰਾਥਨ ਨੂੰ ਝੰਡੀ ਵਿਖਾ ਕੇ ਰਵਾਨਾ ਕੀਤਾ। ਉਨ੍ਹਾਂ ਯੂਨੀਵਰਸਿਟੀ ਦੀ ਤਲਵਾਰ ਬਾਜ਼ੀ ਅਕਾਦਮੀ ਦਾ ਰਿਬਨ ਕੱਟ ਕੇ ਉਦਘਾਟਨ ਕੀਤਾ ਤੇ ਖਿਡਾਰੀਆਂ ਨੂੰ 3000 ਬੂਟੇ ਵੰਡੇ ਗਏ। ਡਾ. ਬਾਵਾ ਨੇ ਕਿਹਾ ਕਿ ਵਾਤਾਵਰਣ ਦੀ ਸਾਂਭ-ਸੰਭਾਲ ਅਤੇ ਹਰਾ ਭਰਾ ਪ੍ਰਦੂਸ਼ਨ ਮੁਕਤ ਭਾਰਤ ਬਣਾਉਣ ਦੀ ਜ਼ਿੰਮੇਵਾਰੀ ਨੌਜਵਾਨ ਵਰਗ ਦੀ ਏ। ਉਨ੍ਹਾਂ ਸਾਰਿਆਂ ਨੂੰ ਇੱਕ ਵਾਰ ਵਰਤਣ ਯੋਗ ਪਲਾਸਟਿਕ ਦੇ ਬਾਈਕਾਟ ਦੀ ਅਪੀਲ ਕੀਤੀ ਅਤੇ ਲੋਕਾਂ ਨੂੰ ਵੱਧ ਤੋਂ ਵੱਧ ਬੂਟੇ ਲਗਾ ਕੇ ਉਨ੍ਹਾਂ ਦੀ ਸਾਂਭ-ਸੰਭਾਲ ਦਾ ਸੁਨੇਹਾ ਦਿੱਤਾ।

--------------------------------------------------

ਏਧਰ ਭਾਈ ਘਨਈਆ ਜੀ ਕੇਰ ਸਰਵਿਸ ਅਤੇ ਵੈਲਫੇਅਰ ਸੋਸਾਇਟੀ ਨੇ, ਅੱਜ 20 ਦਵਾਈਆਂ ਦੇ ਬੂਟੇ ਨੇਬਰ ਹੁੱਡ ਪਾਰਕ ਲਾਈਬਰੇਰੀ ਮੁਹਾਲੀ ਵਿਖੇ ਲਗਾਏ। ਇਹ ਬੂਟੇ ਸਰਕਾਰੀ ਹਾਈ ਸਕੂਲ ਫੇਸ 5 ਨੇੜੇ ਤਿਆਰ ਕੀਤੇ ਜਾਂਦੇ ਨੇ। ਲਾਈਬ੍ਰੇਰੀ ਵਿੱਚ ਕੰਪੀਟੀਸ਼ਨ ਦੀ ਤਿਆਰੀ

ਕਰਨ ਵਾਲੇ ਵਿਦਿਆਰਥੀਆਂ ਨਾਲ ਮਿਲ ਕੇ ਇਹ ਬੂਟੇ ਲਾਈਬ੍ਰੇਰੀ ਦੇ ਸਾਹਮਣੇ ਲਗਾਏ ਗਏ ਨੇ। ਇਸ ਮੌਕੇ ਤੇ ਸੁਸਾਇਟੀ ਦੇ ਚੇਅਰਮੈਨ ਕੇ. ਕੇ. ਸੈਨੀ ਨੇ ਦੱਸਿਆ ਕਿ ਹੁਣ ਤੱਕ ਦਵਾਈਆਂ ਦੇ ਕੋਈ 500 ਬੂਟੇ, ਰੈਜੀਡੈਂਟ ਵੈਲਫੇਅਰ ਐਸੋਸੀਏਸ਼ਨ ਮੋਹਾਲੀ ਨੂੰ ਮੁਫਤ ਦਿੱਤੇ ਗਏ ਨੇ।

-----------------------------------------------------------

ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਮਾਨਸੂਨ ਬੇਹੱਦ ਹੀ ਸੁਸਤ ਬਣਿਆ ਹੋਇਆ ਏ। ਹਾਲਾਂਕਿ ਕੁਝ ਜ਼ਿਲ੍ਹਿਆਂ ਵਿੱਚ ਹੋਈ ਬਾਰਿਸ਼ ਤੋਂ ਬਾਅਦ ਸੂਬੇ ਦੇ ਔਸਤ ਤਾਪਮਾਨ ਵਿੱਚ 2.9 ਡਿਗਰੀ ਤਕ ਦੀ ਗਿਰਾਵਟ ਦਰਜ ਕੀਤੀ ਗਈ ਏ ਪਰ ਫੇਰ ਵੀ ਹੁੰਮਸ ਭਰੀ ਗਰਮੀ ਨੇ, ਲੋਕਾਂ ਨੂੰ ਪਰੇਸ਼ਾਨ ਕੀਤਾ ਹੋਇਆ ਏ।

***ਹੋਰ ਵੇਰਵੇ ਨਾਲ ਇਹ ਰਿਪੋਰਟ : ਡਿਸਪੈਚ : ਪਹਿਲੀ ਜੂਨ ਤੋਂ ਸ਼ੁਰੂ ਹੋਏ ਬਰਸਾਤ ਦੇ ਸੀਜ਼ਨ ਦੌਰਾਨ ਬੀਤੇ ਕਲ ਤੱਕ ਸੂਬੇ ਵਿਚ 87 ਇਸ਼ਾਰਿਆ 5 ਮਿਲੀਮੀਟਰ ਬਾਰਿਸ਼ ਦਰਜ਼ ਕੀਤੀ ਗਈ ਸੀ ਜਦਕਿ ਆਮ ਤੌਰ 'ਤੇ 140 ਇਸ਼ਾਰਿਆ 7 ਮਿਲੀਮੀਟਰ ਬਾਰਿਸ਼***

ਹੋਣੀ ਚਾਹੀਦੀ ਸੀ । ਇਨਾਂ ਅੰਕੜਿਆਂ ਤੋਂ ਸਾਫ ਪਤਾ ਚਲਦਾ ਏ ਕਿ ਸੀਜਨ ਵਿਚ ਕਾਫੀ ਘੱਟ ਮੀਂਹ ਦਰਜ਼ ਕੀਤਾ ਗਿਆ ਏ । ਮੀਂਹ ਨਾ ਹੋਣ ਦਾ ਸਭ ਤੋਂ ਵੱਡਾ ਕਾਰਨ ਬੰਗਾਲ ਦੀ ਖਾੜੀ ਵਿਚ ਬਣਿਆ ਘੱਟ ਦਬਾਅ ਏ । ਮਾਨਸੂਨ ਦੀਆਂ ਹਵਾਵਾਂ ਘੱਟ ਦਬਾਅ ਨਾਲ ਪ੍ਰਭਾਵਿਤ ਹੋਈਆਂ ਨੇ ਅਤੇ ਇਸ ਦਾ ਅਸਰ ਪੱਛਮੀ ਗੜਬੜੀ 'ਤੇ ਵੀ ਦੇਖਣ ਨੂੰ ਮਿਲ ਰਿਹਾ ਏ । ਮੌਸਮ ਵਿਭਾਗ ਨੇ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਹੁਸ਼ਿਆਰਪੁਰ, ਨਵਾਂਸ਼ਹਿਰ, ਕਪੂਰਥਲਾ, ਜਲੰਧਰ, ਲੁਧਿਆਣਾ, ਫਤਿਹਗੜ੍ਹਸਾਹਿਬ, ਰੂਪਨਗਰ, ਪਟਿਆਲਾ ਅਤੇ ਐਸ. ਏ. ਐਸ. ਨਗਰ ਜ਼ਿਲਿਆਂ ਵਿੱਚ ਅੱਜ ਗਰਜ ਚਮਕ ਨਾਲ ਭਾਰੀ ਮੀਂਹ ਦੀ ਸੰਭਾਵਨਾ ਸੰਬੰਧੀ ਯੈਲੋ ਅਲਰਟ ਜਾਰੀ ਕੀਤਾ ਏ । ਇਸ ਤੋਂ ਬਾਅਦ ਅਗਲੇ ਦੋ ਦਿਨ ਮੌਸਮ ਫੇਰ ਪੂਰੀ ਤਰਾਂ ਨਾਲ ਸਾਫ ਬਣਿਆ ਰਹੇਗਾ ਅਤੇ 21 ਤੇ 22 ਜੁਲਾਈ ਨੂੰ ਇਨਾਂ ਹੀ ਜ਼ਿਲਿਆਂ ਵਿਚ ਇਕ ਵਾਰ ਫੇਰ ਭਾਰੀ ਮੀਂਹ ਦੀ ਚੇਤਾਵਨੀ ਦਿੱਤੀ ਗਈ ਏ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ

---

ਜ਼ਿਲ੍ਹਾ ਮੋਗਾ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ. ਜਸਵਿੰਦਰ ਸਿੰਘ ਨੇ, ਸਰਕਾਰ ਵੱਲੋਂ ਪ੍ਰਾਪਤ ਹੋਈਆਂ ਹਦਾਇਤਾਂ ਬਾਰੇ ਦੱਸਿਆ ਕਿ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਅਧੀਨ ਜਿਹਨਾਂ ਲਾਭਪਾਤਰੀਆਂ ਨੇ ਪੀ.ਐਮ. ਕਿਸਾਨ ਪੋਰਟਲ ਤੇ ਲੈਂਡ ਸੀਡਿੰਗ ਜ਼ਮੀਨ ਦੀ ਡਿਟੇਲ, ਈ-ਕੇ.ਵਾਈ.ਸੀ. ਅਤੇ ਆਪਣੇ ਬੈਂਕ ਖਾਤੇ, ਹੁਣ ਤੱਕ ਆਧਾਰ ਨਾਲ ਲਿੰਕ ਨਹੀਂ ਕਰਵਾਏ ਉਹ ਆਪਣੇ ਨਜ਼ਦੀਕੀ ਖੇਤੀਬਾੜੀ ਦਫ਼ਤਰ/ਕਾਮਨ ਸਰਵਿਸ ਸੈਂਟਰ ਅਤੇ ਇੰਡੀਅਨ ਪੋਸਟ ਪੇਮੈਂਟ ਬੈਂਕ ਨਾਲ ਜਰੂਰੀ ਦਸਤਾਵੇਜ਼ਾਂ ਸਮੇਤ ਸੰਪਰਕ ਕਰਨ ਅਤੇ ਤੇ ਆਪਣੇ ਬੈਂਕ ਖਾਤੇ ਆਧਾਰ ਨਾਲ ਲਿੰਕ ਕਰਵਾਉਣ ਤਾਂ ਜੋ ਉਹ ਭਾਰਤ ਸਰਕਾਰ ਵਲੋਂ ਚਲਾਈ ਗਈ ਪੀ.ਐਮ. ਕਿਸਾਨ ਸਨਮਾਨ ਨਿਧੀ ਸਕੀਮ ਦਾ ਲਾਭ ਪ੍ਰਾਪਤ ਕਰ ਸਕਣ।

---

## **ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਅੱਜ ਨਵੀਂ ਦਿੱਲੀ ਵਿੱਚ ਨਾਰਕੋ-ਕੋਆਰਡੀਨੇਸ਼ਨ ਸੈਂਟਰ ਦੀ, 7ਵੀਂ ਸਿਖਰ-ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕੀਤੀ।
- ਸੀਨੀਅਰ BJP ਆਗੂ ਤੀਕਸ਼ਣ ਸੂਦ ਨੇ ਕਿਹਾ ਏ, ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦਾ ਪੰਜਾਬ ਦੇ ਮੁੱਦਿਆਂ 'ਤੇ ਕੋਈ ਸਟੈਂਡ ਨਹੀਂ ਏ।
- ਬਰਨਾਲਾ ਜ਼ਿਲੇ ਦੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਅਨੁਸਾਰ, ਜ਼ਿਲ੍ਹੇ ਭਰ ‘ਚ ਲਗਾਏ ਜਾਣ ਵਾਲੇ ਬੂਟਿਆਂ ਦੀ ਸਾਂਭ ਸੰਭਾਲ ਲਈ ਇਨਾਂ ਦੀ ਜੀਓ ਟੈਗਿੰਗ ਕੀਤੀ ਜਾਵੇਗੀ।
- ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਮਾਨਸੂਨ ਦੇ ਬੇਹੱਦ ਹੀ ਸੁਸਤ ਬਣਨ ਨਾਲ, ਲੋਕ ਜਬਰਦਸਤ ਹੁੰਮਸ ਭਰੀ ਗਰਮੀ ਤੋਂ ਪਰੇਸ਼ਾਨ।